# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ

**ਮੀਮੋਨੰ:DySPD (PEDB)/2019/2019237078** **ਮਿਤੀ:15-08-2019**

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਹੈ। ਵਿਭਾਗ ਵੱਲੋਂ ਦੂਸਰੇ ਗੇੜ ਦੀ ਬਦਲੀ ਦੀ ਪ੍ਰਕ੍ਰਿਆ ਦੋਰਾਨ ਜਿਨ੍ਹਾਂ ਅਧਿਆਪਕਾਂ ਨੇ ਬਦਲੀ ਲਈ ਅਪਲਾਈ ਕੀਤਾ ਸੀ ਉਨ੍ਹਾਂ ਵਿੱਚੋਂ ਪਾਲਿਸੀ ਅਨੁਸਾਰ 1771 ਅਧਿਆਪਕਾਂ ਦੀ ਬਦਲੀ ਦੇ ਹੁਕਮ ਮਿਤੀ 14.08.2019 ਨੂੰ ਜਾਰੀ ਕੀਤੇ ਹਨ।

2.0 ਦੂਸਰੇ ਗੇੜ ਦੀਆਂ ਬਦਲੀਆਂ ਦੇ ਨਤੀਜੇ ਵੱਜੋਂ ਸਬੰਧਤ ਸਕੂਲਾਂ ਵਿਖੇ ਅਧਿਆਪਕਾਂ ਦੇ ਵੱਖ-ਵੱਖ ਕਾਡਰ ਦੀਆਂ ਅਸਾਮੀਆਂ ਖਾਲੀ ਹੋ ਗਈਆਂ ਹਨ। ਜਿਸਦੇ ਸਨਮੁੱਖ ਵਿਭਾਗ ਵੱਲੋਂ ਤੀਸਰੇ ਗੇੜ ਵਿੱਚ ਬਦਲੀਆਂ ਲਈ ਸਮੂਹ ਅਧਿਆਪਕ, ਜਿਨ੍ਹਾਂ ਦੀ ਬਦਲੀ ਪਹਿਲੇ ਅਤੇ ਦੂਸਰੇ ਗੇੜ ਦੀ ਬਦਲੀਆਂ ਦੋਰਾਨ ਨਹੀਂ ਹੋਈ ਜਾਂ ਜਿਨ੍ਹਾਂ ਦੀ ਬਦਲੀ ਹੋਈ ਹੈ ਅਤੇ ਉਨ੍ਹਾਂ ਵੱਲੋਂ ਬਦਲੀ ਰੱਦ ਕਰਵਾ ਲਈ ਗਈ ਹੈ ਜਾਂ ਜਿਨ੍ਹਾਂ ਅਧਿਆਪਕਾਂ ਨੇ ਪਹਿਲੇ ਅਤੇ ਦੂਸਰੇ ਗੇੜ ਦੀਆਂ ਬਦਲੀਆਂ ਦੀ ਪ੍ਰਕ੍ਰਿਆ ਵਿੱਚ ਭਾਗ ਨਹੀਂ ਲਿਆ, ਨੂੰ ਬਦਲੀ ਲਈ ਖਾਲੀ ਅਸਾਮੀਆਂ ਵਿਰੁਧ ਅਪਲਾਈ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ।

3.0 ਤੀਸਰੇ ਗੇੜ ਦੀ ਬਦਲੀ ਦੀ ਪ੍ਰਕ੍ਰਿਆ ਲਈ ਸਮੂਹ ਯੋਗ ਅਧਿਆਪਕ ਬਦਲੀ ਲਈ ਬੇਨਤੀ ਮਿਤੀ 15.08.2019 ਨੂੰ epunjabschoolportal ਤੇ ਆਪਣੇ employee login Id ਤੇ login ਕਰਕੇ ਦੇ ਸਕਦੇ ਹਨ।

4.0 ਬਦਲੀ ਲਈ ਬੇਨਤੀ ਕੇਵਲ online ਹੀ ਲਈ ਜਾਵੇਗੀ ਅਤੇ ਕੇਵਲ ਵਿਭਾਗ ਦੀ ਵੈਬਸਾਇਟ ਤੇ ਪ੍ਰਕਾਸ਼ਿਤ vacancy list ਅਨੁਸਾਰ ਹੀ ਅਪਲਾਈ ਕੀਤਾ ਜਾ ਸਕੇਗਾ।

5.0 ਦਰਖਾਸਤਕਰਤਾਵਾਂ ਵੱਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-ਵੱਖ Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:

(i) Update General Details

(ii) Update Results

(iii) Update Service Record"

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ। ਡਾਟਾ Approve ਕਰਨ ਉਪਰੰਤ Station Choice ਕਰਕੇ "Click here to submit Transfer Application" ਦਾ Button ਕਲਿਕ ਕੀਤਾ ਜਾਣਾ ਹੈ।

6.0 ਅਧਿਆਪਕ ਜਿਨ੍ਹਾਂ ਨੇ ਵੱਖ-ਵੱਖ ਜੋਨਾਂ ਵਿੱਚ ਸੇਵਾ ਕੀਤੀ ਹੈ ਉਹ ਡਾਟਾ Approve ਕਰਨ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕਿ ਉਨ੍ਹਾਂ ਵੱਲੋਂ ਵੱਖ-ਵੱਖ ਜੋਨਾਂ ਵਿੱਚ ਕੀਤੀ ਸੇਵਾ

ਅਤੇ ਸਿੱਖਿਆ ਵਿਭਾਗ ਵਿੱਚ ਕੀਤੀ ਗਈ ਕੁਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਇਸ ਸਬੰਧੀ Remarks ਦੇਣਗੇ। ਪ੍ਰੰਤੂ Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਵਿਚਾਰਿਆ ਜਾਵੇਗਾ।

7.0 ਬਦਲੀ ਸਬੰਧੀ ਡਾਟਾ ਇੱਕਵਾਰ Approve ਕਰਨ ਉਪਰੰਤ ਦਰਖਾਸਤਕਰਤਾ ਨੂੰ Data Editting ਕਰਨ ਲਈ ਬਦਲੀ ਲਈ ਬੇਨਤੀ ਕਰਨ ਦੀ ਅੰਤਿਮ ਮਿਤੀ ਤੱਕ ਕੇਵਲ 2 ਮੌਕੇ ਦਿੱਤੇ ਜਾਣਗੇ।ਅਧੂਰੇ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

8.0 ਸਬੰਧਤ ਸਕੂਲ ਮੁੱਖੀ/ DDO ਵੀ ਇਹ ਯਕੀਨੀ ਬਣਾਉਣਗੇ ਕਿ ਦਰਖਾਸਤਕਰਤਾ ਵੱਲੋਂ ਭਰੇ ਗਏ ਵੇਰਵੇ ਉਨ੍ਹਾਂ ਦੇ ਸੇਵਾ ਰਿਕਾਰਡ ਅਨੁਸਾਰ ਸਹੀ ਹੋਣ ਅਤੇ ਇਨ੍ਹਾਂ ਵਿੱਚ ਕੋਈ ਕਮੀ/ ਘਾਟ ਹੋਣ ਦੀ ਸੂਰਤ ਵਿੱਚ ਲੋੜੀਂਦੀ ਸ਼ੋਧ ਆਪਣੇ ਪੱਧਰ ਤੇ ਕਰਨਗੇ।

9.0 Special Category ਅਧੀਨ ਅਪਲਾਈ ਕਰਨ ਵਾਲੇ ਅਧਿਆਪਕ ਵੱਲੋਂ ਆਪਣੀ Category ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਬੇਨਤੀ ਨੂੰ Special Category ਅਧੀਨ ਨਹੀਂ ਵਿਚਾਰਿਆ ਜਾਵੇਗਾ।

10.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨ ਲਾਇਨ ਬੇਨਤੀ ਕਰਨ ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

**ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ।**